# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 23-04-2025**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿਚ ਸੈਲਾਨੀਆਂ 'ਤੇ ਹੋਏ ਦਹਿਸ਼ਤਗਰਦ ਹਮਲੇ ਦੇ ਮੱਦੇਨਜ਼ਰ, ਸੁਰੱਖਿਆ ਸਥਿਤੀ ਦਾ ਜਾਇਜ਼ਾ ਲੈਣ ਲਈ ਅੱਜ ਓਥੇ ਪਹੁੰਚ ਗਏ ਨੇ. ਇਸ ਤੋਂ ਪਹਿਲਾਂ, ਕੇਂਦਰੀ ਗ੍ਰਹਿ ਮੰਤਰੀ ਨੇ ਸ਼੍ਰੀਨਗਰ ਵਿਚ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ. ਮ੍ਰਿਤਕਾਂ ਦੀਆਂ ਦੇਹਾਂ ਨੂੰ ਸ਼੍ਰੀਨਗਰ ਤੋਂ ਇੱਕ ਵਿਸ਼ੇਸ਼ ਉਡਾਣ ਰਾਹੀਂ ਉਨ੍ਹਾਂ ਦੇ ਜੱਦੀ ਸਥਾਨਾਂ 'ਤੇ ਪਹੁੰਚਾਇਆ ਜਾ ਰਿਹਾ ਏ। ਹਮਲੇ ਦੇ ਮੱਦੇਨਜ਼ਰ ਪਹਿਲਗਾਮ, ਦੱਖਣੀ ਕਸ਼ਮੀਰ ਦੇ ਅਨੰਤਨਾਗ ਤੇ ਨਾਲ ਲਗਦੇ ਕੁਲਗਾਮ ਤੇ ਦੱਖਣੀ ਕਸ਼ਮੀਰ ਦੇ ਹੋਰ ਜ਼ਿਲ੍ਹਿਆਂ ਵਿਚ ਸੁਰੱਖਿਆ ਵਧਾ ਦਿੱਤੀ ਗਈ ਏ । ਇਸ ਦੌਰਾਨ, ਸੈਲਾਨੀਆਂ ਦੀ ਹੱਤਿਆ ਦੇ ਵਿਰੋਧ ਵਿੱਚ ਕਸ਼ਮੀਰ ਵਾਦੀ ਵਿੱਚ ਦਿਨ ਭਰ ਦਾ ਮੁਕੰਮਲ ਬੰਦ ਰੱਖ ਰਖਿਆ ਗਿਆ ਏ . ਜ਼ਿਆਦਾਤਰ

ਦੁਕਾਨਾਂ, ਬਾਜ਼ਾਰ, ਸਥਾਨਕ  ਸਨਅਤਾਂ ਵਿਦਿਅਕਅਦਾਰੇ ਤੇ  ਨਿਰਮਾਣ ਇਕਾਈਆਂ ਬੰਦ ਨੇ. ਨਿੱਜੀ ਤੇ ਜਨਤਕ ਆਵਾਜਾਈ ਵੀ ਬੰਦ ਏ। ਸਾਰੇ ਨਿੱਜੀ  ਵੀ ਬੰਦ ਨੇ. ਸਿਵਲ ਸੋਸਾਇਟੀ ਸੰਗਠਨਾਂ ਤੋਂ ਇਲਾਵਾ ਸਾਰੇ ਵਪਾਰਕ, ਸਨਅਤੀ ਸੰਗਠਨਾਂ ਤੇ ਸੰਸਥਾਵਾਂ ਨੇ ਕੱਲ੍ਹ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਦਹਿਸ਼ਤਗਰਦ ਹਮਲੇ ਦੀ ਨਿਖੇਧੀ ਕੀਤੀ ਏ. ਓਧਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜੰਮੂ-ਕਸ਼ਮੀਰ ਵਿਚ ਹੋਏ  ਹਮਲੇ ਦੇ ਮੱਦੇਨਜ਼ਰ ਸਾਊਦੀ ਅਰਬ ਦਾ ਆਪਣਾ ਦੌਰਾ ਵਿਚੇ ਛੱਡ ਕੇ ਅੱਜ ਸਵੇਰੇ ਨਵੀਂ ਦਿੱਲੀ ਪਰਤ ਆਏ ਨੇ. ਆਪਣੀ ਦੋ ਦਿਨਾਂ ਯਾਤਰਾ ਦੌਰਾਨ, ਸ਼੍ਰੀ ਮੋਦੀ ਸਾਊਦੀ ਅਰਬ ਦੀ ਮੇਜ਼ਬਾਨੀ ਚ ਰਾਤ ਦੇ ਖਾਣੇ ਦੀ ਸਰਕਾਰੀ ਦਾਵਤ ਵਿਚ ਵੀ ਸ਼ਾਮਲ ਨਹੀਂ ਹੋਏ। ਪਹਿਲਾਂ ਉਹਨਾਂ ਅੱਜ ਰਾਤ ਵਾਪਸ ਆਉਣਾ ਸੀ। ਇਥੇ ਪਹੁੰਚਣ ਦੇ ਫੌਰਨ ਬਾਅਦ ਓਨਾਂ ਹਵਾਈ ਅੱਡੇ ‘ਤੇ  ਵਿਦੇਸ਼ ਮੰਤਰੀ ਡਾ.  S JAISHANKAR, ਰਾਸ਼ਟਰੀ ਸੁਰਖਿਆ ਸਲਾਹਕਾਰ ਅਜੀਤ ਡੋਵਾਲ, ਵਿਦੇਸ਼ ਸਕੱਤਰ ਵਿਕਰਮ ਮਿਸਰੀ ਤੇ ਹੋਰ ਅਧਿਕਾਰੀਆਂ ਨਾਲ ਸਥਿਤੀ ‘ਤੇ ਵਿਚਾਰ–ਵਟਾਂਦਰਾ ਕੀਤਾ. ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ

ਧਨਖੜ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਦਹਿਸ਼ਤਗਰਦ ਹਮਲੇ ਦੀ ਸਖਤ ਨਿਖੇਧੀ ਕੀਤੀ ਏ. ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਇਸ ਘਿਨਾਉਣੇ ਕਾਰੇ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

-----------------------------------------------------

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਦੇਸ਼ ਦੇ ਨੌਜਵਾਨਾਂ ਨੂੰ ਇਕ ਮਜ਼ਬੂਤ ਤੇ ਸਵੈ-ਨਿਰਭਰ ਭਾਰਤ ਦੇ ਨਿਰਮਾਣ ਵਿਚ ਸਰਗਰਮ ਭਾਈਵਾਲ ਬਣਨ ਦਾ ਸੱਦਾ ਦਿੱਤਾ ਏ। ਉਨ੍ਹਾਂ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ, ਨਵੀਨਤਾ ਤੇ ਵਿਸ਼ਵ ਲੀਡਰਸ਼ਿਪ ਵਿਚ ਸਰਗਰਮੀ ਨਾਲ ਸ਼ਾਮਲ ਹੋਣ ਤੇ ਦੇਸ਼ ਦੀ ਵਿਕਾਸ ਕਹਾਣੀ ਵਿਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਸਪੀਕਰ ਬਿਰਲਾ ਜਲੰਧਰ ਨੇੜੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਸਾਲਾਨਾ ਸੱਭਿਆਚਾਰਕ ਉਤਸਵ ਤੇ ਅਧਿਐਨ ਗ੍ਰਾਂਟ ਪੁਰਸਕਾਰਾਂ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸਨ। ਉਨ੍ਹਾਂ ਕਿਹਾ, ਵਿਕਸ਼ਿਤ ਭਾਰਤ-2047 ਦਾ ਵਿਚਾਰ ਇਕ ਅਜਿਹਾ ਦ੍ਰਿਸ਼ਟੀਕੋਣ ਪ੍ਰਦਾਨ ਕਰਦਾ ਏ, ਜਿਸ ਵਿਚ ਆਰਥਿਕ

ਵਿਕਾਸ, ਸਮਾਜਿਕ ਸਮਾਨਤਾ, ਗਲੋਬਲ ਲੀਡਰਸ਼ਿਪ ਤੇ ਸਥਿਰਤਾ ਸ਼ਾਮਲ ਏ। ਸ਼੍ਰੀ ਬਿਰਲਾ ਨੇ ਜ਼ਿਕਰ ਕੀਤਾ ਕਿ ਅੱਜ ਭਾਰਤ ਨੂੰ ਵਿਸ਼ਵ ਪੱਧਰ 'ਤੇ ਆਪਣੀ ਜੋਸ਼ੀਲੀ ਨੌਜਵਾਨ ਆਬਾਦੀ ਲਈ ਮਾਨਤਾ ਪ੍ਰਾਪਤ ਏ, ਜੋ ਸਾਰੇ ਖੇਤਰਾਂ ਵਿਚ ਉੱਤਮ ਪ੍ਰਦਰਸ਼ਨ ਕਰ ਰਹੀ ਏ। ਇਸ ਮੌਕੇ ਸੰਸਦ ਮੈਂਬਰ ਅਸ਼ੋਕ ਮਿੱਤਲ ਵੀ ਮੌਜੂਦ ਸਨ।

--------------------------------------------------------

--------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਦੇ ਬਾਲ ਦੇਖਭਾਲ ਛੁੱਟੀ (ਸੀ.ਸੀ.ਐਲ.) ਉਪਬੰਧਾਂ ਵਿਚ ਮਹੱਤਵਪੂਰਨ ਸੋਧਾਂ ਦਾ ਐਲਾਨ ਕੀਤਾ ਏ, ਜਿਸ ਨਾਲ ਪਹਿਲਾਂ ਚਾਈਲਡ ਕੇਅਰ ਲੀਵ ਦਾ ਲਾਭ ਹੁਣ ਸਿੰਗਲ ਪੁਰਸ਼ ਮਾਪਿਆਂ ਨੂੰ ਦਿੱਤਾ ਗਿਆ ਏ , ਜਿਸ ਵਿਚ ਵਿਧਵਾ, ਤਲਾਕਸ਼ੁਦਾ ਪਿਤਾ ਤੇ ਅਣਵਿਆਹੇ ਪਿਤਾ ਸ਼ਾਮਲ ਨੇ । ਦੂਜਾ, ਸਰਕਾਰ ਨੇ ਗੰਭੀਰ ਅਪੰਗਤਾ ਵਾਲੇ 40 ਪ੍ਰਤੀਸ਼ਤ ਅਪੰਗ ਬੱਚਿਆਂ ਲਈ 18 ਸਾਲ ਦੀ ਉਪਰਲੀ ਉਮਰ ਸੀਮਾ ਵਿਚ ਢਿੱਲ ਦਿੱਤੀ ਹੈ। ਉਹਨਾਂ ਕਿਹਾ ਕਿ ਲੰਬੇ ਸਮੇਂ ਦੀਆਂ

ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦੀ ਦੇਖਭਾਲ ਕਰਨ ਵਾਲੇ ਮਾਪਿਆਂ ਨੂੰ ਬਹੁਤ ਲੋੜੀਂਦੀ ਲਚਕਤਾ ਤੇ ਵਾਧੂ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ, ਇਹ ਯਕੀਨੀ ਬਣਾਇਆ ਜਾਵੇਗਾ ਕਿ ਉਹ ਆਪਣੇ ਕਰੀਅਰ ਨਾਲ ਸਮਝੌਤਾ ਕੀਤੇ ਬਿਨਾਂ ਆਪਣੀ ਭਲਾਈ ਲਈ ਸਮਾਂ ਸਮਰਪਿਤ ਕਰ ਸਕਣ। ਵਿੱਤ ਮੰਤਰੀ  ਨੇ ਕਿਹਾ ਕਿ ਇਹ ਬਦਲਾਅ ਕੰਮਕਾਜੀ ਮਾਪਿਆਂ ਦੀਆਂ ਵਧਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੇ ਗਏ ਨੇ, ਖਾਸ  ਕਰਕੇ ਉਨ੍ਹਾਂ ਨੂੰ ਜੋ ਬੱਚਿਆਂ ਦੀ ਦੇਖਭਾਲ ਲਈ ਵਿਲੱਖਣ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਨੇ।

---

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ  ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਖੰਨਾ ਵਿਖੇ ਕਣਕ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲਿਆ। ਮੰਤਰੀ ਨੇ ਚੱਲ ਰਹੀ ਖਰੀਦ ਦਾ ਜਾਇਜ਼ਾ ਲੈਂਦੇ ਹੋਏ ਕਿਹਾ ਕਿ ਹੁਣ ਤੱਕ ਪੰਜਾਬ ਭਰ ਦੀਆਂ ਮੰਡੀਆਂ ਵਿੱਚ 49 ਲੱਖ ਮੀਟਰਿਕ ਟਨ ਕਣਕ ਦੀ ਆਮਦ ਹੋਈ ਏ, ਜਿਸ ਵਿਚੋਂ 44.50 ਲੱਖ ਮੀਟਰਿਕ ਟਨ ਕਣਕ ਦੀ ਖਰੀਦ ਕਰ

ਲਈ ਗਈ ਏ  ਤੇ ਕਿਸਾਨਾਂ ਦੇ ਖਾਤਿਆਂ ਵਿੱਚ 5573 ਕਰੋੜ ਰੁਪਏ ਦੀ ਅਦਾਇਗੀ ਹੋ ਚੁੱਕੀ ਏ। ਉਹਨਾਂ  ਕਿਹਾ ਏ ਕਿ ਸੂਬੇ ਵਿਚ ਇਸ ਸੀਜ਼ਨ ਦੌਰਾਨ ਕਣਕ ਦੀ ਬੰਪਰ ਫਸਲ ਹੋਈ ਏ। ਇਸ ਵਾਰ ਪੰਜਾਬ ਕੇਂਦਰੀ ਪੂਲ ਵਿਚ 124 ਲੱਖ ਮੀਟਰਕ ਟਨ ਕਣਕ ਦਾ ਯੋਗਦਾਨ ਪਾਵੇਗਾ। ਉਹਨਾਂ ਕਿਹਾ ਕਿ ਸੁਚਾਰੂ ਖਰੀਦ ਪ੍ਰਕਿਰਿਆ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵਲੋਂ ਸੂਬੇ ਵਿਚ 1864 ਖਰੀਦ ਕੇਂਦਰ ਬਣਾਏ ਗਏ ਨੇ। ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਕਿਸਾਨਾਂ ਦੇ ਹਰ ਨੁਕਸਾਨ ਦੀ ਭਰਪਾਈ ਪੰਜਾਬ ਸਰਕਾਰ ਵੱਲੋਂ ਕੀਤੀ ਜਾਵੇਗੀ।

-----------------------------------------------------

ਓਧਰ ਜਲੰਧਰ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਏ। ਖਰੀਦ ਪ੍ਰਬੰਧਾਂ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਖਰੀਦ ਕੀਤੀ ਗਈ ਕਣਕ ਦੀ ਹੁਣ ਤੱਕ 239 ਕਰੋੜ ਰੁਪਏ ਦੀ ਅਦਾਇਗੀ ਯਕੀਨੀ  ਬਣਾਈ ਜਾ ਚੁੱਕੀ ਏ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ

ਕਣਕ ਦੇ ਸੀਜ਼ਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸੁਚਾਰੂ ਢੰਗ ਨਾਲ ਖਰੀਦ, ਸਮੇਂ-ਸਿਰ ਲਿਫਟਿੰਗ ਤੇ ਅਦਾਇਗੀ ਯਕੀਨੀ ਬਣਾਈ ਜਾਵੇ।